ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ਼ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀਂ ਮੰਜ਼ਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:, ਫੇਜ਼-8, ਐਸ.ਏ.ਐਸ.ਨਗਰ (ਮੁਹਾਲੀ)
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ:ਸਿ:),
ਸਮੂਹ ਸਕੂਲ ਮੁਖੀ,
ਪੰਜਾਬ।

ਮੀਮੋ ਨੰ: SCERT/PPPP/PRI./ 202033994    ਮਿਤੀ: 24.01.2020

**ਵਿਸ਼ਾ:- ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਾਪਿਆਂ ਦੀ ਭਾਗੀਦਾਰੀ ਵਧਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਸਿੱਖਣ ਪੱਧਰਾਂ ਵਿੱਚ ਸੁਧਾਰ ਲਿਆਉਣ ਅਤੇ ਉਹਨਾਂ ਦੇ ਸਰਵਪੱਖੀ ਵਿਕਾਸ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਵਿੱਚ ਸਕੂਲ ਮੁਖੀਆਂ ਅਤੇ ਅਧਿਆਪਕਾਂ ਦੀ ਭੂਮਿਕਾ ਵੀ ਅਹਿਮ ਹੈ ਅਤੇ ਇਸ ਦੇ ਚੰਗੇ ਨਤੀਜੇ ਵੀ ਸਾਹਮਣੇ ਆ ਰਹੇ ਹਨ। ਐਪਰ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੇ ਸਿੱਖਣ ਪੱਧਰਾਂ ਵਿੱਚ ਹੋਰ ਜ਼ਿਆਦਾ ਸੁਧਾਰ ਕਰਨ ਸਬੰਧੀ ਵਿਦਿਆਰਥੀਆਂ ਦੀ ਸਿੱਖਣ ਪ੍ਰਕਿਰਿਆਂ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਵਧਾਉਣ ਅਤੇ ਸਰਗਰਮ ਕਰਨ ਦੀ ਵੀ ਜ਼ਰੂਰਤ ਹੈ। ਇਸ ਤਹਿਤ ਅਧਿਆਪਕ ਸਾਹਿਬਾਨ ਮਾਪਿਆਂ ਨਾਲ ਹੇਠ ਲਿਖੇ ਪੱਖਾਂ ਸਬੰਧੀ ਚਰਚਾ ਕਰਕੇ ਉਹਨਾਂ ਦੀ ਭਾਗੀਦਾਰੀ ਵਧਾਉਣ ਲਈ ਯਤਨ ਕਰਨ:-

2.1 ਬੱਚਿਆਂ ਦੇ ਸਿੱਖਣ ਪੱਧਰਾਂ ਅਤੇ ਉਹਨਾਂ ਦੀ ਸਕੂਲ ਕਾਰਗੁਜ਼ਾਰੀ ਬਾਰੇ ਮਾਪਿਆਂ ਦੁਆਰਾ ਅਧਿਆਪਕਾਂ ਨਾਲ ਗੱਲਬਾਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ।

2.2 ਮਾਪਿਆਂ ਨੂੰ ਇਸ ਗੱਲ ਲਈ ਉਤਸ਼ਾਹਿਤ ਕੀਤਾ ਜਾਵੇ ਕਿ ਉਹ ਜਿੱਥੋਂ ਤੱਕ ਵੀ ਸੰਭਵ ਹੋ ਸਕੇ ਆਪਣੇ ਬੱਚਿਆਂ ਦਾ ਸਕੂਲ ਦਾ ਕੰਮ ਜ਼ਰੂਰ ਦੇਖਣ ਅਤੇ ਲੋੜ ਪੈਣ ਤੇ ਬੱਚਿਆਂ ਨੂੰ ਆਪਣੀ ਪੜ੍ਹਾਈ ਅਨੁਸਾਰ ਸਹਾਇਤਾ ਵੀ ਕਰਨ।

2.3 ਮਾਪਿਆਂ ਨੂੰ ਬੱਚਿਆਂ ਦੇ ਟਿਊਸ਼ਨ 'ਤੇ ਲਗਾਉਣ ਨੂੰ ਵੀ ਨਿਰ-ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸ ਸਬੰਧ ਵਿੱਚ ਅਧਿਆਪਕ ਨੂੰ ਸਮੇਂ-ਸਮੇਂ ਇਸ ਮੁੱਦੇ 'ਤੇ ਗੱਲ ਕਰਨੀ ਚਾਹੀਦੀ ਹੈ ਅਤੇ ਉਹਨਾਂ ਨੂੰ ਬੱਚਿਆਂ ਦੇ ਸਿੱਖਣ ਪੱਧਰਾਂ ਵਿੱਚ ਕੀਤੇ ਜਾ ਰਹੇ ਸੁਧਾਰਾਂ ਬਾਰੇ ਜਾਣਕਾਰੀ ਦੇ ਕੇ ਵਿਸ਼ਵਾਸ ਦਿਵਾਉਣਾ ਚਾਹੀਦਾ ਹੈ।

2.4 ਵਿਦਿਆਰਥੀਆਂ ਦੀ ਗੈਰ-ਹਾਜ਼ਰੀ ਸਕੂਲਾਂ ਦੀ ਇੱਕ ਅਹਿਮ ਸਮੱਸਿਆ ਹੈ। ਵਿਦਿਆਰਥੀ ਦੀ ਪੜ੍ਹਾਈ ਵਿੱਚ ਚੰਗੀ ਕਾਰਗੁਜ਼ਾਰੀ ਇਸ ਗੱਲ 'ਤੇ ਵੀ ਨਿਰਭਰ ਕਰਦੀ ਹੈ ਕਿ ਉਹ ਨਿਯਮਤ ਤੌਰ 'ਤੇ ਕਿੰਨੇ ਦਿਨ ਸਕੂਲ ਵਿੱਚ ਹਾਜ਼ਰ ਰਹਿੰਦਾ ਹੈ। ਗੈਰ ਹਾਜ਼ਰੀ ਦੀ ਸਮੱਸਿਆਂ ਨੂੰ ਖ਼ਤਮ ਕਰਨ ਲਈ ਅਧਿਆਪਕਾਂ ਦੁਆਰਾ ਮਾਪਿਆਂ ਨਾਲ ਤਾਲਮੇਲ ਰੱਖਣਾ ਬਹੁਤ ਜ਼ਰੂਰੀ ਹੈ।

2.5 ਮਾਪਿਆਂ ਨਾਲ ਇਸ ਸਬੰਧ ਵਿੱਚ ਜ਼ਰੂਰ ਚਰਚਾ ਕੀਤੀ ਜਾਵੇ ਕਿ ਉਹ ਆਪਣੇ ਬੱਚਿਆਂ ਨੂੰ ਸਕੂਲ ਭੇਜਣ ਸਮੇਂ ਬੱਚਿਆਂ ਦੀ ਸਰੀਰਕ ਅਤੇ ਸਕੂਲ ਵਰਦੀ ਦੀ ਸਾਫ਼-ਸਫ਼ਾਈ ਦਾ ਖਿਆਲ ਜ਼ਰੂਰ ਕਰਨ।

2.6 ਬੱਚਿਆਂ ਦੀਆਂ ਸਮੱਸਿਆਵਾਂ ਨੂੰ ਮਾਪਿਆਂ ਨਾਲ ਸਾਂਝੀਆਂ ਕਰਨ ਅਤੇ ਉਹਨਾਂ ਦਾ ਸਾਂਝੇ ਤੌਰ 'ਤੇ ਹੱਲ ਕੱਢਣ ਲਈ ਕੰਮ ਕੀਤਾ ਜਾਵੇ।

2.7 ਮਾਪਿਆਂ ਦੀ ਸਕੂਲਾਂ ਵਿੱਚ ਸਮੇਂ-ਸਮੇਂ 'ਤੇ ਹੋਣ ਵਾਲੀ ਮਾਪੇ-ਅਧਿਆਪਕ ਮਿਲਣੀ ਵਿੱਚ ਮਾਪਿਆਂ ਦੀ ਭਾਗੀਦਾਰੀ ਨੂੰ ਸੁਨਿਸ਼ਚਿਤ ਕਰਨ ਲਈ ਯਤਨ ਕੀਤੇ ਜਾਣ।

2.8 ਮਾਪਿਆਂ ਨਾਲ ਸਕੂਲ ਵਿੱਚ ਅਨੁਸ਼ਾਸ਼ਨ ਬਣਾਉਣ ਸਬੰਧੀ ਮੀਟਿੰਗ ਕਰਕੇ ਚਰਚਾ ਕੀਤੀ ਜਾਵੇ ਅਤੇ ਲੋੜੀਂਦੇ ਉਪਾਅ ਲੱਭ ਕੇ ਉਹਨਾਂ ਅਨੁਸਾਰ ਕੰਮ ਕੀਤਾ ਜਾਵੇ।

3.0 ਉਪਰੋਕਤ ਪੱਖਾਂ ਸਬੰਧੀ ਮਾਪਿਆਂ ਨਾਲ ਤਾਲਮੇਲ ਮੀਟਿੰਗਾਂ/ਸੋਸ਼ਲ ਮੀਡੀਆ/ਫੋਨ ਆਦਿ ਰਾਹੀਂ ਕੀਤਾ ਜਾ ਸਕਦਾ ਹੈ।

4.0 ਸਮੂਹ ਸਕੂਲ ਮੁਖੀ ਅਤੇ ਅਧਿਆਪਕ ਇਸ ਸਬੰਧ ਵਿੱਚ ਲੋੜੀਂਦੇ ਯਤਨ ਕਰਨ ਨੂੰ ਜ਼ਰੂਰ ਯਕੀਨੀ ਬਣਾਉਣ।

**ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਪੰਜਾਬ।**

**ਪਿੱਠ ਅੰਕਣ ਨੰ: SCERT/PPPP/PRI./** **ਮਿਤੀ:**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:**

1. **ਪੀ.ਏ.ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ**
2. **ਪੀ.ਏ.ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ**
3. **ਪੀ.ਏ.ਟੂ ਡੀ.ਪੀ.ਆਈ. (ਐ.ਸਿੱ), ਪੰਜਾਬ।**

**ਡਾਇਰੈਕਟਰ ਐੱਸ.ਸੀ.ਈ.ਆਰ.ਟੀ., ਪੰਜਾਬ।**